# ਨੇਪਾਲ ਦੇ ਪ੍ਰਧਾਨ ਮੰਤਰੀ ਨੇ ਰਾਸ਼ਟਰਪਤੀ ਨਾਲ ਮੁਲਾਕਾਤ ਕੀਤੀ

01 ਜੂਨ, 2023

ਨੇਪਾਲ ਦੇ ਪ੍ਰਧਾਨ ਮੰਤਰੀ ਐੱਚ.ਈ. ਸ਼੍ਰੀ ਪੁਸ਼ਪਾ ਕਮਲ ਦਹਲ 'ਪ੍ਰਚੰਡ' ਨੇ ਅੱਜ (1 ਜੂਨ, 2023) ਰਾਸ਼ਟਰਪਤੀ ਭਵਨ ਵਿਖੇ ਭਾਰਤ ਦੀ ਰਾਸ਼ਟਰਪਤੀ ਸ਼੍ਰੀਮਤੀ ਦ੍ਰੋਪਦੀ ਮੁਰਮੂ ਨਾਲ ਮੁਲਾਕਾਤ ਕੀਤੀ।

ਰਾਸ਼ਟਰਪਤੀ ਨੇ ਪ੍ਰਧਾਨ ਮੰਤਰੀ ਪ੍ਰਚੰਡ ਦਾ ਸਵਾਗਤ ਕੀਤਾ ਅਤੇ ਨੇਪਾਲ ਦੇ ਪ੍ਰਧਾਨ ਮੰਤਰੀ ਵਜੋਂ ਨਿਯੁਕਤੀ ਹੋਣ 'ਤੇ ਉਨ੍ਹਾਂ ਨੂੰ ਵਧਾਈ ਦਿੱਤੀ। ਉਹਨਾਂ ਨੇ ਕਿਹਾ ਕਿ ਭਾਰਤ ਦੇ ਨਾਲ ਉਹਨਾਂ ਦੇ ਪੁਰਾਣੇ ਸਬੰਧਾਂ ਅਤੇ ਆਪਣੇ ਅਨੁਭਵ ਦੇ ਮੱਦੇਨਜ਼ਰ, ਭਾਰਤ ਸਦੀਆਂ ਪੁਰਾਣੀ ਸਾਂਝੇਦਾਰੀ ਨੂੰ ਨਵੀਆਂ ਉਚਾਈਆਂ 'ਤੇ ਲਿਜਾਣ ਲਈ ਭਾਰਤ-ਨੇਪਾਲ ਦੁਵੱਲੇ ਸਬੰਧਾਂ ਵਿੱਚ ਇੱਕ ਸਕਾਰਾਤਮਕ ਏਜੰਡੇ ਦੀ ਉਮੀਦ ਕਰਦਾ ਹੈ। ਉਨ੍ਹਾਂ ਭਰੋਸਾ ਜ਼ਾਹਰ ਕੀਤਾ ਕਿ ਇਸ ਦੌਰੇ ਨਾਲ ਦੋਵਾਂ ਦੇਸ਼ਾਂ ਦਰਮਿਆਨ ਮਜ਼ਬੂਤ ਸਬੰਧਾਂ ਨੂੰ ਹੋਰ ਵੀ ਮਜ਼ਬੂਤੀ ਮਿਲੇਗੀ।

ਰਾਸ਼ਟਰਪਤੀ ਨੇ ਜਿਕਰ ਕੀਤਾ ਕਿ ਭਾਰਤ-ਨੇਪਾਲ ਦੁਵੱਲਾ ਸਹਿਯੋਗ ਹਾਲ ਹੀ ਦੇ ਸਾਲਾਂ ਵਿੱਚ ਮਜ਼ਬੂਤ ਤੋਂ ਹੋਰ ਮਜ਼ਬੂਤ ਹੋਇਆ ਹੈ। ਕੋਵਿਡ-19 ਮਹਾਮਾਰੀ ਦੇ ਮੁਸ਼ਕਿਲ ਦੌਰ ਦੌਰਾਨ ਵੀ ਦੋਹਾਂ ਦੇਸ਼ਾਂ ਦਰਮਿਆਨ ਵਪਾਰ ਬਰਕਰਾਰ ਰਿਹਾ।

ਰਾਸ਼ਟਰਪਤੀ ਨੇ ਕਿਹਾ ਕਿ ਭਾਰਤ ਅਤੇ ਨੇਪਾਲ ਵਿਚਾਲੇ ਖੁੱਲ੍ਹੀ ਸਰਹੱਦ ਨੇ ਦੋਵਾਂ ਪਾਸਿਆਂ ਤੋਂ ਸੈਰ-ਸਪਾਟੇ ਨੂੰ ਉਤਸ਼ਾਹਿਤ ਕੀਤਾ ਹੈ। ਉਹਨਾਂ ਨੇ ਲੋਕਾਂ ਨਾਲ ਲੋਕਾਂ ਦੇ ਸੰਪਰਕ ਅਤੇ ਸੈਰ-ਸਪਾਟੇ ਨੂੰ ਉਤਸ਼ਾਹਿਤ ਕਰਨ ਲਈ ਅਧਿਆਤਮਿਕ ਟੂਰਿਸਟ ਸਰਕਟ ਨੂੰ ਮੁੜ ਸੁਰਜੀਤ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਸਿਸਟਰ ਸਿਟੀ ਸਮਝੌਤੇ ਅਤੇ ਵਿੱਤੀ ਸੰਪਰਕ ਵਿੱਚ ਸੁਧਾਰ ਸਾਡੇ ਦੋਵਾਂ ਦੇਸ਼ਾਂ ਦਰਮਿਆਨ ਸੈਰ ਸਪਾਟੇ ਨੂੰ ਵੀ ਹੁਲਾਰਾ ਦੇ ਸਕਦੇ ਹਨ।

ਰਾਸ਼ਟਰਪਤੀ ਨੇ ਕਿਹਾ ਕਿ ਨੇਪਾਲ ਭਾਰਤ ਦੀ ਤਰਜੀਹ ਹੈ। ਉਹਨਾਂ ਨੇ ਅੱਗੇ ਕਿਹਾ ਕਿ ਭਾਰਤ ਮਹੱਤਵਪੂਰਨ ਪ੍ਰੋਜੈਕਟਾਂ ਨੂੰ ਜਲਦੀ ਪੂਰਾ ਕਰਨ ਸਮੇਤ ਆਪਣੀ ਵਿਕਾਸ-ਭਾਈਵਾਲੀ ਨੂੰ ਅੱਗੇ ਵਧਾਉਣ ਦੀ ਉਮੀਦ ਕਰਦਾ ਹੈ।

**ਨਵੀਂ ਦਿੱਲੀ**

**01 ਜੂਨ, 2023**